# ਜਨਮ ਸਮੇਂ ਆਪਣੇ ਬੱਚੇ ਨੂੰ ਹੈਪੇਟਾਈਟਸ ਬੀ ਤੋਂ ਬਚਾਉਣਾ
# Protecting your baby against hepatitis B at birth

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ**
**ਸਾਰੀਆਂ ਵੈਕਸੀਨਾਂ ਸਮੇਂ ਸਿਰ ਪ੍ਰਾਪਤ ਕਰੋ**

ਸਮੇਂ ਸਿਰ ਸਾਰੀਆਂ ਵੈਕਸੀਨਾਂ ਲੈ ਕੇ, ਤੁਹਾਡੇ ਬੱਚੇ ਨੂੰ ਉਨ੍ਹਾਂ ਦੇ ਜੀਵਨ ਕਾਲ ਦੌਰਾਨ ਬਹੁਤ ਸਾਰੀਆਂ ਬਿਮਾਰੀਆਂ ਤੋਂ ਸੁਰੱਖਿਅਤ ਰੱਖਿਆ ਜਾ ਸਕਦਾ ਹੈ।

ਟੀਕਾਕਰਨ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਹੋਰ ਕਿਸੇ ਵੀ ਸਿਹਤ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

## ਹੈਪੇਟਾਈਟਿਸ ਬੀ ਵੈਕਸੀਨ ਕੀ ਹੈ?

ਹੈਪੇਟਾਈਟਿਸ ਬੀ ਵੈਕਸੀਨ, ਹੈਪੇਟਾਈਟਿਸ ਬੀ ਵਾਇਰਸ ਦੇ ਵਿਰੁੱਧ ਰੱਖਿਆ ਕਰਦੀ ਹੈ। ਇਹ ਬੱਚਿਆਂ ਨੂੰ ਉਹਨਾਂ ਦੇ ਬਚਪਨ ਦੇ ਨੇਮਕ ਟੀਕਾਕਰਣ ਦੇ ਹਿੱਸੇ ਦੇ ਤੌਰ ਮੁਫ਼ਤ ਦਿੱਤੀ ਜਾਂਦੀ ਹੈ। ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

## ਹੈਪੇਟਾਈਟਿਸ ਬੀ ਕੀ ਹੈ?

ਹੈਪੇਟਾਈਟਸ ਬੀ ਜਿਗਰ 'ਤੇ ਹਮਲਾ ਕਰਨ ਵਾਲਾ ਇੱਕ ਵਾਇਰਸ ਹੈ। ਜਦੋਂ ਬੱਚੇ ਸੰਕਰਮਿਤ ਹੁੰਦੇ ਹਨ, ਤਾਂ ਵਾਇਰਸ ਆਮ ਤੌਰ 'ਤੇ ਉਨ੍ਹਾਂ ਦੇ ਸਰੀਰ ਵਿੱਚ ਜੀਵਨ ਭਰ ਰਹਿੰਦਾ ਹੈ। ਸਮੇਂ ਦੇ ਨਾਲ, ਇਹ ਗੰਭੀਰ ਸਿਹਤ ਸਮੱਸਿਆਵਾਂ, ਜਿਵੇਂ ਕਿ ਜਿਗਰ ਦੇ ਸਥਾਈ ਨੁਕਸਾਨ (ਸਿਰੋਸਿਸ), ਦਾ ਕਾਰਨ ਬਣ ਸਕਦਾ ਹੈ। ਹੈਪੇਟਾਈਟਸ ਬੀ ਜਿਗਰ ਦੇ ਕੈਂਸਰ, ਜੋ ਘਾਤਕ ਹੋ ਸਕਦਾ ਹੈ, ਦਾ ਇੱਕ ਮੁੱਖ ਕਾਰਨ ਵੀ ਹੈ। ਇਸੇ ਲਈ ਛੋਟੀ ਉਮਰ ਵਿੱਚ ਹੀ ਵੈਕਸੀਨ ਤੋਂ ਸੁਰੱਖਿਆ ਪ੍ਰਾਪਤ ਕਰਨਾ ਮਹੱਤਵਪੂਰਨ ਹੈ।

## ਜਨਮ ਦੇ ਸਮੇਂ ਹੈਪੇਟਾਈਟਿਸ ਬੀ ਵੈਕਸੀਨ ਕਿਸਨੂੰ ਲਗਾਈ ਜਾਣੀ ਚਾਹੀਦੀ ਹੈ?

ਜੇਕਰ ਬੱਚਿਆਂ ਦੀ ਮਾਂ ਨੂੰ ਹੈਪੇਟਾਈਟਸ ਬੀ ਹੈ ਜਾਂ ਉਹਨਾਂ ਨੂੰ ਇਨਫੈਕਸ਼ਨ ਦਾ ਖ਼ਤਰਾ ਜ਼ਿਆਦਾ ਹੈ ਤਾਂ ਬੱਚਿਆਂ ਨੂੰ ਜਨਮ ਸਮੇਂ ਹੈਪੇਟਾਈਟਸ ਬੀ ਵੈਕਸੀਨ ਲਗਾਈ ਜਾਂਦੀ ਹੈ। ਜੇਕਰ ਘਰ ਦੇ ਕਿਸੇ ਮੈਂਬਰ ਜਾਂ ਦੇਖਭਾਲ ਕਰਨ ਵਾਲੇ ਨੂੰ ਹੈਪੇਟਾਈਟਸ ਬੀ ਹੈ, ਤਾਂ ਬੱਚੇ ਨੂੰ ਵੀ ਜਨਮ ਸਮੇਂ ਵੈਕਸੀਨ ਦਿੱਤੀ ਜਾਣੀ ਚਾਹੀਦੀ ਹੈ। ਹੈਪੇਟਾਈਟਸ ਬੀ ਦੀ ਲਾਗ ਦੇ ਵੱਧ ਜੋਖਮ ਵਾਲੇ ਲੋਕਾਂ ਦੀ ਸੂਚੀ ਲਈ, HealthLinkBC File #25a ਹੈਪੇਟਾਈਟਸ ਬੀ ਵੈਕਸੀਨ 'ਤੇ ਜਾਓ।

## ਜਨਮ ਸਮੇਂ ਬੱਚੇ ਨੂੰ ਹੈਪੇਟਾਈਟਸ ਬੀ ਤੋਂ ਕਿਵੇਂ ਬਚਾਇਆ ਜਾਂਦਾ ਹੈ?

ਜੇਕਰ ਕਿਸੇ ਮਾਂ ਨੂੰ ਹੈਪੇਟਾਈਟਸ ਬੀ ਹੈ ਜਾਂ ਉਸਨੂੰ ਲਾਗ ਦਾ ਖ਼ਤਰਾ ਹੈ, ਤਾਂ ਉਸਦੇ ਬੱਚੇ ਨੂੰ ਜਨਮ ਸਮੇਂ 2 ਵੈਕਸੀਨਾਂ ਲਗਾਈਆਂ ਜਾਣਗੀਆਂ:

- ਹੈਪੇਟਾਈਟਸ ਬੀ ਇੰਮਯੂਨ ਗਲੋਬਿਯੂਲਿਨ: ਹੈਪੇਟਾਈਟਸ ਬੀ ਵਾਇਰਸ ਦੇ ਵਿਰੁੱਧ ਐਂਟੀਬਾਡੀਜ਼ ਰਾਹੀਂ ਬੱਚੇ ਨੂੰ ਤੁਰੰਤ ਸੁਰੱਖਿਆ ਪ੍ਰਦਾਨ ਕਰਦਾ ਹੈ
- ਹੈਪੇਟਾਈਟਸ ਬੀ ਵੈਕਸੀਨ: ਬੱਚੇ ਨੂੰ ਆਪਣੀਆਂ ਐਂਟੀਬਾਡੀਜ਼ ਬਣਾਉਣ ਵਿੱਚ ਮਦਦ ਕਰਦੀ ਹੈ

ਜੇਕਰ ਮਾਂ ਨੂੰ ਹੈਪੇਟਾਈਟਸ ਬੀ ਨਹੀਂ ਹੈ, ਪਰ ਘਰ ਦੇ ਕਿਸੇ ਮੈਂਬਰ ਜਾਂ ਦੇਖਭਾਲ ਕਰਨ ਵਾਲੇ ਨੂੰ ਹੈ, ਤਾਂ ਬੱਚੇ ਨੂੰ ਜਨਮ ਸਮੇਂ ਹੀ ਹੈਪੇਟਾਈਟਸ ਬੀ ਦੀ ਵੈਕਸੀਨ ਲਗਾਈ ਜਾਵੇਗੀ।

ਜਨਮ ਤੋਂ ਬਾਅਦ, ਬੱਚੇ ਨੂੰ 2, 4 ਅਤੇ 6 ਮਹੀਨਿਆਂ ਦੀ ਉਮਰ ਵਿੱਚ ਹੈਪੇਟਾਈਟਸ ਬੀ ਵੈਕਸੀਨ ਦੀਆਂ 3 ਹੋਰ ਖੁਰਾਕਾਂ ਦਿੱਤੀਆਂ ਜਾਣਗੀਆਂ। ਇਹ ਖੁਰਾਕਾਂ ਬਚਪਨ ਦੀਆਂ ਹੋਰ ਨਿਯਮਤ ਵੈਕਸੀਨਾਂ ਦੇ ਨਾਲ ਦਿੱਤੀਆਂ ਜਾਂਦੀਆਂ ਹਨ। ਹੋਰ ਜਾਣਕਾਰੀ ਲਈ, HealthLinkBC File #105 ਡਿਫਥੀਰੀਆ, ਟੈਟਨਸ, ਪਰਟੂਸਿਸ, ਹੈਪੇਟਾਈਟਸ ਬੀ, ਪੋਲੀਓ ਅਤੇ ਹੀਮੋਫਿਲਸ ਇਨਫਲੂਐਂਜ਼ੇ ਟਾਈਪ ਬੀ (DTaP-HB-IPV-Hib) ਵੈਕਸੀਨ 'ਤੇ ਜਾਓ।

ਜਨਮ ਸਮੇਂ ਟੀਕਾਕਰਨ ਕੀਤੇ ਗਏ ਬੱਚਿਆਂ ਨੂੰ ਹੈਪੇਟਾਈਟਸ ਬੀ ਵੈਕਸੀਨ ਦੀ ਆਖਰੀ ਖੁਰਾਕ ਤੋਂ 4 ਹਫ਼ਤਿਆਂ ਬਾਅਦ ਖੂਨ ਦੀ ਜਾਂਚ ਕਰਵਾਉਣ ਦੀ ਲੋੜ ਹੁੰਦੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਸੁਰੱਖਿਅਤ ਹਨ।

ਕੁਝ ਬੱਚੇ ਜਿਨ੍ਹਾਂ ਨੂੰ ਜਨਮ ਸਮੇਂ ਹੈਪੇਟਾਈਟਸ ਬੀ ਦੀ ਵੈਕਸੀਨ ਲਗਾਈ ਗਈ ਸੀ, ਉਨ੍ਹਾਂ ਦਾ ਟੀਕਾਕਰਨ ਕਾਰਜਕ੍ਰਮ ਵੱਖਰਾ ਹੋ ਸਕਦਾ ਹੈ। ਜੇਕਰ ਤੁਸੀਂ ਨਿਸ਼ਚਿਤ ਨਹੀਂ ਹੈ ਕਿ ਤੁਹਾਡੇ ਬੱਚੇ ਦਾ ਟੀਕਾਕਰਨ ਜਾਂ ਟੈਸਟ ਕਦੋਂ ਕਰਵਾਉਣਾ ਚਾਹੀਦਾ ਹੈ, ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ। ਤੁਹਾਡੇ ਬੱਚੇ ਨੂੰ ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

ਹੈਪੇਟਾਈਟਸ ਬੀ ਇਮਿਊਨ ਗਲੋਬੂਲਿਨ ਜਾਂ ਹੈਪੇਟਾਈਟਸ ਬੀ ਇਨਫੈਂਟ ਵੈਕਸੀਨ ਬਾਰੇ ਵਧੇਰੇ ਜਾਣਕਾਰੀ ਲਈ HealthlinkBC File #25b ਹੈਪੇਟਾਈਟਸ ਬੀ ਇੰਮਯੂਨ ਗਲੋਬਿਯੂਲਿਨ ਅਤੇ HealthLinkBC File #25c ਹੈਪੇਟਾਈਟਸ ਬੀ ਇਨਫੈਂਟ ਵੈਕਸੀਨ 'ਤੇ ਜਾਓ।

## ਹੈਪੇਟਾਈਟਸ ਬੀ ਵੈਕਸੀਨ ਦੇ ਕੀ ਲਾਭ ਹਨ?

ਹੈਪੇਟਾਈਟਸ ਬੀ ਟੀਕਾਕਰਨ ਤੁਹਾਡੇ ਬੱਚੇ ਨੂੰ ਹੈਪੇਟਾਈਟਸ ਬੀ ਅਤੇ ਇਸ ਦੀਆਂ ਪੇਚੀਦਗੀਆਂ, ਜਿਸ ਵਿੱਚ ਜਿਗਰ ਦਾ ਸਥਾਈ ਨੁਕਸਾਨ, ਜਿਗਰ ਦਾ ਕੈਂਸਰ ਅਤੇ ਮੌਤ ਸ਼ਾਮਲ ਹਨ, ਤੋਂ ਬਚਾਉਣ ਦਾ ਸਭ ਤੋਂ ਵਧੀਆ ਤਰੀਕਾ ਹੈ।

ਜਦੋਂ ਤੁਸੀਂ ਆਪਣੇ ਬੱਚੇ ਦਾ ਟੀਕਾਕਰਨ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਸੁਰੱਖਿਆ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਅਦ ਦੀਆਂ ਸੰਭਾਵੀ ਪ੍ਰਤੀਕਿਰਿਆਵਾਂ ਕੀ ਹਨ?

ਟੀਕਾਕਰਨ ਬਹੁਤ ਸੁਰੱਖਿਅਤ ਹੈ। ਵੈਕਸੀਨ ਲਗਵਾਉਣਾ ਹੈਪੇਟਾਈਟਸ ਬੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਕੁਝ ਬੱਚਿਆਂ ਨੂੰ ਬੁਖਾਰ, ਚਿੜਚਿੜੇਪਨ ਜਾਂ ਥਕਾਵਟ ਦਾ ਅਨੁਭਵ ਹੋ ਸਕਦਾ ਹੈ।

ਅਸੀਟਾਮੇਨੋਫੇਨ (acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫ਼ੇਨ (ਬਿਪਰੋਡਏਨ*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ। ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

*ਤੁਹਾਡੇ ਸਿਹਤ ਸੰਭਾਲ ਪ੍ਰਦਾਤਾ ਨਾਲ ਪਹਿਲਾਂ ਗੱਲ ਕੀਤੇ ਬਿਨਾਂ 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਆਈਬਿਊਪਰੋਫ਼ੈਨ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਡਰੋਮ ਬਾਰੇ ਹੋਰ ਜਾਣਕਾਰੀ ਲਈ, ਕਿਰਪਾ ਕਰਕੇ HealthLinkBC File #84 ਰੇਏ ਸਿੰਡਰੋਮ 'ਤੇ ਜਾਓ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਅਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜ਼ਰੂਰੀ ਹੈ। ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੋ ਸਕਦੀ ਹੈ। ਅਜਿਹਾ ਵੈਕਸੀਨ ਪ੍ਰਾਪਤ ਕਰਨ ਵਾਲੇ ਇੱਕ ਮਿਲੀਅਨ ਵਿੱਚੋਂ ਇੱਕ ਤੋਂ ਵੀ ਘੱਟ ਲੋਕਾਂ ਵਿੱਚ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲ੍ਹਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇਕਰ ਇਹ ਪ੍ਰਤੀਕਿਰਿਆ ਹੁੰਦੀ ਹੈ, ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਉਸਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਏਪੀਨੇਫ੍ਰਿਨ (ਐਡਰੇਨਲਿਨ) ਦਿੱਤੇ ਜਾਣਾ ਅਤੇ ਐਂਬੂਲੈਂਸ ਦੁਆਰਾ ਨਜ਼ਦੀਕੀ ਐਮਰਜੈਂਸੀ ਵਿਭਾਗ ਵਿੱਚ ਟ੍ਰਾਂਸਫਰ ਕਰਨਾ ਸ਼ਾਮਲ ਹੈ। ਜੇਕਰ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਅਦ ਲੱਛਣ ਪੈਦਾ ਹੁੰਦੇ ਹਨ, ਤਾਂ **9-1-1** 'ਤੇ ਜਾਂ ਸਥਾਨਕ ਐਮਰਜੈਂਸੀ ਨੰਬਰ 'ਤੇ ਕਾਲ ਕਰੋ।

ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਗੰਭੀਰ ਜਾਂ ਅਚਾਨਕ ਹੋਣ ਵਾਲੀਆਂ ਪ੍ਰਤੀਕਿਰਿਆਵਾਂ ਦੀ ਰਿਪੋਰਟ ਕਰੋ।

## ਹੈਪੇਟਾਈਟਸ ਬੀ ਕਿਵੇਂ ਫੈਲਦਾ ਹੈ?

ਹੈਪੇਟਾਈਟਸ ਬੀ ਸੰਕਰਮਿਤ ਖ਼ੂਨ ਅਤੇ ਕੁਝ ਸਰੀਰ ਦੇ ਤਰਲ ਪਦਾਰਥਾਂ ਨਾਲ ਸੰਪਰਕ ਰਾਹੀਂ ਫੈਲਦਾ ਹੈ - ਉਦਾਹਰਣ ਵਜੋਂ ਬੱਚੇ ਦੇ ਜਨਮ ਦੌਰਾਨ। ਇਹ ਉਨ੍ਹਾਂ ਚੀਜ਼ਾਂ ਨੂੰ ਸਾਂਝਾ ਕਰਨ ਨਾਲ ਫੈਲ ਸਕਦਾ ਹੈ ਜਿਨ੍ਹਾਂ 'ਤੇ ਖ਼ੂਨ ਲੱਗਾ ਹੋ ਸਕਦਾ ਹੈ ਜਿਵੇਂ ਕਿ ਟੁੱਥਬ੍ਰਸ਼, ਰੇਜ਼ਰ, ਡੈਂਟਲ ਫਲਾਸ, ਨੇਲ ਫਾਈਲਾਂ, ਅਤੇ ਨਸ਼ੀਲੇ ਪਦਾਰਥਾਂ ਦੇ ਟੀਕੇ ਲਗਾਉਣ ਲਈ ਵਰਤੀਆਂ ਜਾਣ ਵਾਲੀਆਂ ਸੂਈਆਂ। ਇਹ ਹੈਪੇਟਾਈਟਸ ਬੀ ਵਾਇਰਸ ਨਾਲ ਸੰਕਰਮਿਤ ਵਿਅਕਤੀ ਨਾਲ ਅਸੁਰੱਖਿਅਤ ਸੈਕਸ ਰਾਹੀਂ ਵੀ ਫੈਲ ਸਕਦਾ ਹੈ।

ਹੈਪੇਟਾਈਟਸ ਬੀ ਵਾਲੇ ਵਿਅਕਤੀ ਦੇ ਨਾਲ ਉਸੀ ਘਰ ਵਿੱਚ ਰਹਿਣ ਵਾਲੇ ਲੋਕਾਂ ਨੂੰ ਲਾਗ ਲੱਗਣ ਦਾ ਖ਼ਤਰਾ ਵਧੇਰੇ ਹੁੰਦਾ ਹੈ ਅਤੇ ਉਨ੍ਹਾਂ ਨੂੰ ਹੈਪੇਟਾਈਟਸ ਬੀ ਦੀ ਵੈਕਸੀਨ ਲਗਵਾਉਣੀ ਚਾਹੀਦੀ ਹੈ। ਇਨ੍ਹਾਂ ਵਿਅਕਤੀਆਂ ਲਈ ਵੈਕਸੀਨ ਮੁਫ਼ਤ ਹੈ। ਅਪਾਇੰਟਮੈਂਟ ਲੈਣ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ। ਹੋਰ ਜਾਣਕਾਰੀ ਲਈ, HealthLinkBC File # 25a ਹੈਪੇਟਾਈਟਸ ਬੀ ਵੈਕਸੀਨ 'ਤੇ ਜਾਓ।

## ਜੇ ਮੈਨੂੰ ਹੈਪੇਟਾਈਟਸ ਬੀ ਹੈ ਤਾਂ ਕੀ ਮੈਂ ਆਪਣੇ ਬੱਚੇ ਨੂੰ ਛਾਤੀ ਦਾ ਦੁੱਧ ਪਿਲਾ ਸਕਦੀ ਹਾਂ?

ਹਾਂ, ਤੁਸੀਂ ਛਾਤੀ ਦਾ ਦੁੱਧ ਪਿਲਾ ਸਕਦੇ ਹੋ। ਹੈਪੇਟਾਈਟਸ ਬੀ ਛਾਤੀ ਦਾ ਦੁੱਧ ਪਿਲਾਉਣ ਨਾਲ ਨਹੀਂ ਫੈਲਦਾ ਜਦੋਂ ਤੱਕ ਤੁਹਾਡੇ ਨਿੱਪਲ ਤਿੜਕੇ ਹੋਏ (ਕ੍ਰੈਕ ਹੋਏ) ਨਾ ਹੋਣ ਜਾਂ ਉਨ੍ਹਾਂ ਵਿੱਚੋਂ ਖ਼ੂਨ ਨਾ ਵਗ ਰਿਹਾ ਹੋਵੇ।

## ਹੋਰ ਜਾਣਕਾਰੀ ਲਈ

ਬੀ.ਸੀ. ਵਿੱਚ ਟੀਕਾਕਰਨ ਬਾਰੇ ਹੋਰ ਜਾਣਕਾਰੀ ਲਈ, ਹੈਲਥਲਿੰਕ ਬੀ.ਸੀ. ਦੀਆਂ ਟੀਕਾਕਰਨ ਅਨੁਸੂਚੀਆਂ 'ਤੇ ਜਾਓ।

BC Centre for Disease Control
Provincial Health Services Authority